# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 15-03-2024**

- ਚੋਣ ਕਮਿਸ਼ਨ ਭਲਕੇ ਆਮ ਚੋਣਾਂ 2024 ਦੇ ਪ੍ਰੋਗਰਾਮ ਦਾ ਐਲਾਨ ਕਰੇਗਾ, ਇਸ ਦੇ ਨਾਲ ਹੀ ਦੇਸ਼ ਭਰ ਵਿਚ ਚੋਣ ਜਾਬਤਾ ਵੀ ਲਾਗੂ ਹੋ ਜਾਵੇਗਾ।
- ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ, ਅਨੁਸਾਰ ਸੂਬੇ ਵਿਚ ਪਹਿਲੀ ਮਾਰਚ ਤੱਕ ਵੋਟਰਾਂ ਦੀ ਕੁੱਲ ਗਿਣਤੀ 2 ਕਰੋੜ 12 ਲੱਖ 71 ਹਜ਼ਾਰ 246 ਏ।
- 'ਯੁਵਾ ਸੰਗਮ ਪ੍ਰੋਗਰਾਮ' ਦੇ ਹਿੱਸੇ ਵਜੋਂ, ਝਾਰਖੰਡ ਦੇ 51 ਵਿਦਿਆਰਥੀਆਂ ਦੇ ਸਮੂਹ ਨੇ ਚੰਡੀਗੜ੍ਹ ਵਿਖੇ ਕਲ ਰਾਜਪਾਲ ਬਨਵਾਰੀ ਲਾਲ ਪੁਰੋਹਿਤ ਨਾਲ ਮੁਲਾਕਾਤ ਕੀਤੀ।

---

ਚੋਣ ਕਮਿਸ਼ਨ ਭਲਕੇ ਆਮ ਚੋਣਾਂ 2024 ਦੇ ਪ੍ਰੋਗਰਾਮ ਦਾ ਐਲਾਨ

ਕਰੇਗਾ । ਇਸ ਦਾ ਐਲਾਨ ਨਵੀਂ ਦਿੱਲੀ ਦੇ ਵਿਗਿਆਨ ਭਵਨ ਵਿਖੇ ਦੁਪਹਿਰ ਬਾਅਦ ਤਿੰਨ ਵਜੇ ਇਕ ਪ੍ਰੈਸ ਕਾਨਫਰੰਸ ਦੌਰਾਨ ਕੀਤਾ ਜਾਵੇਗਾ। ਲੋਕ ਸਭਾ ਚੋਣਾਂ ਦੇ ਨਾਲ, ਕਮਿਸ਼ਨ ਕੁਝ ਰਾਜਾਂ ਵਿੱਚ ਹੋਣ ਵਾਲੀਆਂ ਵਿਧਾਨ ਸਭਾ ਚੋਣਾਂ ਦੇ ਪ੍ਰੋਗਰਾਮ ਦਾ ਵੀ ਐਲਾਨ ਕਰੇਗਾ । ਮੌਜੂਦਾ ਲੋਕ ਸਭਾ ਦਾ ਕਾਰਜਕਾਲ ਇਸ ਸਾਲ 16 ਜੂਨ ਨੂੰ ਖਤਮ ਹੋਣ ਜਾ ਰਿਹਾ ਏ। 2019 ਵਿੱਚ, ਲੋਕ ਸਭਾ ਚੋਣਾਂ ਅਪ੍ਰੈਲ ਅਤੇ ਮਈ ਵਿੱਚ ਸੱਤ ਪੜਾਵਾਂ ਵਿੱਚ ਹੋਈਆਂ ਸਨ। ਆਸ ਏ ਕਿ ਇਸ ਵਾਰ ਵੀ, ਅਪ੍ਰੈਲ ਅਤੇ ਮਈ 'ਚ ਕਈ ਪੜਾਵਾਂ 'ਚ ਵੋਟਾਂ ਪੈਣਗੀਆਂ।

---

ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ. ਨੇ, ਪੰਜਾਬ ਦੀਆਂ 13 ਲੋਕ ਸਭਾ ਸੀਟਾਂ ਦੇ ਕੁੱਲ ਪੋਲਿੰਗ ਸਟੇਸ਼ਨਾਂ ਅਤੇ ਕੁੱਲ ਵੋਟਰਾਂ ਬਾਬਤ ਜਾਣਕਾਰੀ ਜਾਰੀ ਕੀਤੀ ਏ। ਉਨ੍ਹਾਂ ਦੱਸਿਆ ਕਿ ਪਹਿਲੀ ਮਾਰਚ ਤੱਕ ਸੂਬੇ ਵਿਚ ਕੁੱਲ 2 ਕਰੋੜ 12 ਲੱਖ 71 ਹਜ਼ਾਰ 246 ਵੋਟਰ ਨੇ । ਇਨ੍ਹਾਂ ਵਿਚ ਇਕ ਕਰੋੜ 11 ਲੱਖ 92 ਹਜ਼ਾਰ 959 ਮਰਦ ਵੋਟਰ ਜਦਕਿ 1 ਕਰੋੜ 77 ਹਜ਼ਾਰ 543 ਔਰਤ ਵੋਟਰ ਸ਼ਾਮਲ ਨੇ ।

ਟਰਾਂਸਜੈਂਡਰ ਵੋਟਰ ਦੀ ਕੁੱਲ ਗਿਣਤੀ 744 ਏ। ਸੂਬੇ ਦੀਆਂ 13 ਸੀਟਾਂ ਲਈ ਕੁੱਲ 24 ਹਜ਼ਾਰ 433 ਪੋਲਿੰਗ ਸਟੇਸ਼ਨ ਬਣਾਏ ਗਏ ਨੇ।

**ਵੇਰਵੇ ਨਾਲ ਇਹ ਰਿਪੋਰਟ:** *ਡਿਸਪੈਚ: ਗੁਰਦਾਸਪੁਰ ਲੋਕ ਸਭਾ ਹਲਕੇ ਦੇ ਵੋਟਰਾਂ ਦੀ ਕੁਲ ਗਿਣਤੀ 15 ਲੱਖ 95 ਹਜ਼ਾਰ 300 ਏ। ਇਨ੍ਹਾਂ ਵਿਚ 8 ਲੱਖ 44 ਹਜ਼ਾਰ 299 ਮਰਦ,*

*7 ਲੱਖ 50 ਹਜ਼ਾਰ 965 ਔਰਤ ਅਤੇ 36 ਟਰਾਂਸਜੈਂਡਰ ਵੋਟਰ ਸ਼ਾਮਲ ਨੇ। ਅੰਮ੍ਰਿਤਸਰ ਲੋਕ ਸਭਾ ਹਲਕੇ ਦੇ ਕੁੱਲ ਵੋਟਰਾਂ ਦੀ ਗਿਣਤੀ 15 ਲੱਖ 93 ਹਜ਼ਾਰ 846 ਏ। ਇਨ੍ਹਾਂ ਵਿਚ 8 ਲੱਖ 36 ਹਜ਼ਾਰ 966 ਮਰਦ*

*ਜਦਕਿ 7 ਲੱਖ 56 ਹਜ਼ਾਰ 820 ਔਰਤ ਅਤੇ 60 ਟਰਾਂਸਜੈਂਡਰ ਵੋਟਰ ਨੇ। ਖਡੂਰ ਸਾਹਿਬ ਲੋਕ ਸਭਾ ਹਲਕੇ ਦੇ ਵੋਟਰਾਂ ਦੀ ਕੁਲ ਗਿਣਤੀ 16 ਲੱਖ 55 ਹਜ਼ਾਰ 468 ਏ। ਇਨ੍ਹਾਂ ਵਿਚ 8 ਲੱਖ 70 ਹਜ਼ਾਰ 337 ਮਰਦ, 7 ਲੱਖ 85 ਹਜ਼ਾਰ 67 ਔਰਤ ਵੋਟਰ ਅਤੇ 64 ਟਰਾਂਸਜੈਂਡਰ ਵੋਟਰ ਨੇ। ਜਲੰਧਰ (ਰਾਖਵੇਂ) ਲੋਕ ਸਭਾ ਹਲਕੇ ਦੇ ਵੋਟਰਾਂ ਦੀ ਕੁੱਲ ਗਿਣਤੀ 16 ਲੱਖ 41 ਹਜ਼ਾਰ 872 ਏ।*

ਇਨ੍ਹਾਂ ਵਿਚ 8 ਲੱਖ 54 ਹਜ਼ਾਰ 48 ਮਰਦ ਜਦਕਿ 7 ਲੱਖ 87 ਹਜ਼ਾਰ 781 ਔਰਤ ਅਤੇ 43 ਟਰਾਂਸਜੈਂਡਰ ਵੋਟਰ ਸ਼ਾਮਲ ਨੇ। ਇਸੇ ਤਰ੍ਹਾਂ ਨਾਲ ਹੁਸ਼ਿਆਰਪੁਰ (ਰਾਖਵੇਂ) ਲੋਕ ਸਭਾ ਹਲਕੇ ਦੇ ਵੋਟਰਾਂ ਦੀ ਕੁੱਲ ਗਿਣਤੀ 15 ਲੱਖ 93 ਹਜ਼ਾਰ 18 ਏ। ਇਨ੍ਹਾਂ ਵਿਚ 8 ਲੱਖ 26 ਹਜ਼ਾਰ 679 ਮਰਦ,

7 ਲੱਖ 66 ਹਜ਼ਾਰ 296 ਔਰਤ ਵੋਟਰ ਅਤੇ 43 ਟਰਾਂਸਜੈਂਡਰ ਵੋਟਰ ਸ਼ਾਮਲ ਨੇ। ਆਨੰਦਪੁਰ ਸਾਹਿਬ ਲੋਕ ਸਭਾ ਹਲਕੇ ਦੇ ਕੁੱਲ ਵੋਟਰਾਂ ਦੀ ਗਿਣਤੀ 17 ਲੱਖ 11 ਹਜ਼ਾਰ 255 ਏ। ਇਨ੍ਹਾਂ ਵਿਚ 8 ਲੱਖ 93 ਹਜ਼ਾਰ 567 ਮਰਦ,

8 ਲੱਖ 17 ਹਜ਼ਾਰ 627 ਔਰਤ ਵੋਟਰ ਅਤੇ 61 ਟਰਾਂਸਜੈਂਡਰ ਵੋਟਰ ਸ਼ਾਮਲ ਨੇ। ਲੁਧਿਆਣਾ ਲੋਕ ਸਭਾ ਹਲਕੇ ਲਈ ਵੋਟਰਾਂ ਦੀ ਕੁੱਲ ਗਿਣਤੀ 17 ਲੱਖ 28 ਹਜ਼ਾਰ 619 ਏ। ਇਨ੍ਹਾਂ ਵਿਚ 9 ਲੱਖ 22 ਹਜ਼ਾਰ 5 ਮਰਦ ਵੋਟਰ ਜਦਕਿ 8 ਲੱਖ 6 ਹਜ਼ਾਰ 484 ਔਰਤ ਵੋਟਰ ਅਤੇ 130 ਟਰਾਂਸਜੈਂਡਰ ਵੋਟਰ ਸ਼ਾਮਲ ਨੇ। ਫਤਹਿਗੜ੍ਹ ਸਾਹਿਬ (ਰਾਖਵੇਂ) ਲੋਕ ਸਭਾ ਹਲਕੇ

ਵਿਚ ਕੁੱਲ ਵੋਟਰਾਂ ਦੀ ਗਿਣਤੀ 15 ਲੱਖ 39 ਹਜ਼ਾਰ 155 ਏ । ਇਨ੍ਹਾਂ ਵਿਚ 8 ਲੱਖ 16 ਹਜ਼ਾਰ 775 ਮਰਦ ਵੋਟਰ ਜਦਕਿ 7 ਲੱਖ 22 ਹਜ਼ਾਰ 353 ਔਰਤ ਵੋਟਰ ਅਤੇ 27 ਟਰਾਂਸਜੈਂਡਰ ਵੋਟਰ ਸ਼ਾਮਲ ਨੇ। ਫਰੀਦਕੋਟ (ਰਾਖਵੇਂ) ਲੋਕ ਸਭਾ ਹਲਕੇ ਵਿਚ ਕੁੱਲ ਵੋਟਰਾਂ ਦੀ ਗਿਣਤੀ 15 ਲੱਖ 78 ਹਜ਼ਾਰ 937 ਏ । ਇਨ੍ਹਾਂ ਵਿਚ 8 ਲੱਖ 34 ਹਜ਼ਾਰ 493 ਮਰਦ

ਜਦਕਿ 7 ਲੱਖ 44 ਹਜ਼ਾਰ 363 ਔਰਤ ਵੋਟਰ ਅਤੇ 81 ਟਰਾਂਸਜੈਂਡਰ ਵੋਟਰ ਸ਼ਾਮਲ ਨੇ। ਫਿਰੋਜ਼ਪੁਰ ਲੋਕ ਸਭਾ ਹਲਕੇ ਵਿਚ ਕੁੱਲ ਵੋਟਰਾਂ ਦੀ ਗਿਣਤੀ 16 ਲੱਖ 57 ਹਜ਼ਾਰ 131 ਏ । ਇਨ੍ਹਾਂ ਵਿਚ 8 ਲੱਖ 73 ਹਜ਼ਾਰ 684 ਮਰਦ

ਜਦਕਿ 7 ਲੱਖ 83 ਹਜ਼ਾਰ 402 ਔਰਤ ਵੋਟਰ ਅਤੇ 45 ਟਰਾਂਸਜੈਂਡਰ ਵੋਟਰ ਨੇ। ਉੱਧਰ ਬਠਿੰਡਾ ਲੋਕ ਸਭਾ ਹਲਕੇ ਵਿਚ ਕੁੱਲ ਵੋਟਰਾਂ ਦੀ ਗਿਣਤੀ 16 ਲੱਖ 38 ਹਜ਼ਾਰ 881 ਏ । ਇਨ੍ਹਾਂ ਵਿਚ 8 ਲੱਖ 63 ਹਜ਼ਾਰ 989 ਮਰਦ

ਜਦਕਿ 7 ਲੱਖ 74 ਹਜ਼ਾਰ 860 ਔਰਤ ਵੋਟਰ ਅਤੇ 32 ਟਰਾਂਸਜੈਂਡਰ

*ਵੋਟਰ ਸ਼ਾਮਲ ਨੇ । ਸੰਗਰੂਰ ਲੋਕ ਸਭਾ ਹਲਕੇ ਵਿਚ ਵੋਟਰਾਂ ਦੀ ਕੁਲ ਗਿਣਤੀ 15 ਲੱਖ 50 ਹਜ਼ਾਰ 17 ਏ । ਇਨ੍ਹਾਂ ਵਿਚ 8 ਲੱਖ 20 ਹਜ਼ਾਰ 879 ਮਰਦ ਵੋਟਰ ਜਦਕਿ 7 ਲੱਖ 29 ਹਜ਼ਾਰ 92 ਔਰਤ ਵੋਟਰ ਅਤੇ 46 ਟਰਾਂਸਜੈਂਡਰ ਸ਼ਾਮਲ ਨੇ । ਪਟਿਆਲਾ ਲੋਕ ਸਭਾ ਹਲਕੇ ਵਿਚ ਵੋਟਰਾਂ ਦੀ ਕੁਲ ਗਿਣਤੀ 17 ਲੱਖ 87 ਹਜ਼ਾਰ 747 ਏ । ਇਨ੍ਹਾਂ ਵਿਚ 9 ਲੱਖ 35 ਹਜ਼ਾਰ 238 ਮਰਦ ਜਦਕਿ 8 ਲੱਖ 52 ਹਜ਼ਾਰ 433 ਔਰਤ ਅਤੇ 76 ਟਰਾਂਸਜੈਂਡਰ ਵੋਟਰ ਨੇ ।*

---------------------------------------------------

ਭਾਰਤ ਸਰਕਾਰ ਦੇ ਸਿਖਿਆ ਮੰਤਰਾਲੇ ਤਹਿਤ 'ਯੁਵਾ ਸੰਗਮ ਪ੍ਰੋਗਰਾਮ' ਦੇ ਹਿੱਸੇ ਵਜੋਂ, ਝਾਰਖੰਡ ਦੇ 51 ਵਿਦਿਆਰਥੀਆਂ ਦੇ ਸਮੂਹ ਨੇ, ਪੰਜਾਬ ਰਾਜ ਭਵਨ ਚੰਡੀਗੜ੍ਹ ਵਿਖੇ ਕਲ ਰਾਜਪਾਲ ਬਨਵਾਰੀ ਲਾਲ ਪੁਰੋਹਿਤ ਨਾਲ ਮੁਲਾਕਾਤ ਕੀਤੀ । ਰਾਜਪਾਲ ਪੁਰੋਹਿਤ ਨੇ ਯੁਵਾ ਸੰਗਮ ਪ੍ਰੋਗਰਾਮ ਦੀ ਮਹੱਤਤਾ ਨੂੰ ਉਜਾਗਰ ਕਰਦੇ ਹੋਏ ਕਿਹਾ ਕਿ ਇਹ

ਪ੍ਰੋਗਰਾਮ, ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਮਹੱਤਵਪੂਰਨ ਪਹਿਲਕਦਮੀ, 'ਏਕ ਭਾਰਤ ਸ੍ਰੇਸ਼ਟ ਭਾਰਤ' ਹੇਠ ਆਉਂਦਾ ਏ । ਇਹ ਭਾਰਤ ਭਰ ਦੇ ਵੱਖ-ਵੱਖ ਰਾਜਾਂ ਦੇ ਨੌਜਵਾਨਾਂ ਵਿੱਚ ਸਭਿਆਚਾਰਕ ਸਬੰਧਾਂ ਨੂੰ ਹੋਰ ਪਕੇਰਾ ਕਰਨ ਅਤੇ ਆਪਸੀ ਸਮਝ ਨੂੰ ਵਧਾਉਣ 'ਤੇ ਕੇਂਦਰਿਤ ਏ । ਰਾਜਪਾਲ ਬਨਵਾਰੀ ਲਾਲ ਪੁਰੋਹਿਤ ਨੇ ਵਿਦਿਆਰਥੀਆਂ ਨੂੰ 'ਸਾਦਾ ਜੀਵਨ, ਉੱਚੀ ਸੋਚ' ਦੇ ਸਿਧਾਂਤ ਨੂੰ ਆਪਣੇ ਜੀਵਨ ਵਿੱਚ ਅਪਣਾਉਣ, ਇਮਾਨਦਾਰੀ ਤੇ ਪਿਆਰ ਨਾਲ ਜੀਵਨ ਬਤੀਤ ਕਰਨ ਲਈ ਪ੍ਰੇਰਿਆ ਅਤੇ 'ਵਿਕਸਿਤ ਭਾਰਤ 2047' ਦੀ ਸ਼ੁਰੂਆਤ ਕਰਨ ਲਈ ਆਪਣਾ ਸਮੁੱਚਾ ਯੋਗਦਾਨ ਪਾਉਣ ਲਈ ਕਿਹਾ । ਉਨਾਂ ਅੰਤਰ-ਸੱਭਿਆਚਾਰਕ ਸਬੰਧਾਂ ਦੀ ਪਾਲਣਾ ਕਰਕੇ ਰਾਸ਼ਟਰ ਦੇ ਤਾਣੇ-ਬਾਣੇ ਨੂੰ ਮਜ਼ਬੂਤ ਕਰਨ ਲਈ 'ਯੁਵਾ ਸੰਗਮ ਪ੍ਰੋਗਰਾਮ' ਦੀ ਸਮਰੱਥਾ ਬਾਰੇ ਸਾਰਕਾਰਾਤਮਕ ਆਸ ਪ੍ਰਗਟਾਈ । ਰਾਜਪਾਲ ਪੁਰੋਹਿਤ ਨੇ ਦੁਹਰਾਇਆ ਕਿ ਪੰਜਾਬ ਤੇ ਝਾਰਖੰਡ ਵਿਚਕਾਰ ਸਾਂਝ ਵਿਦਿਆਰਥੀਆਂ ਨੂੰ ਪੰਜਾਬ ਦੇ ਸੱਭਿਆਚਾਰ ਦੀ ਵਿਆਪਕ ਅਤੇ ਬਹੁ-ਆਯਾਮੀ ਸਮਝ ਪ੍ਰਦਾਨ ਕਰੇਗੀ।

-----------------------------------------------------------

ਦੇਸ਼ ਵਿਚ ਪੈਟਰੋਲ ਤੇ ਡੀਜ਼ਲ ਦੋ ਰੁਪਏ ਪ੍ਰਤੀ ਲੀਟਰ ਸਸਤਾ ਹੋ ਗਿਆ ਏ। ਨਵੀਆਂ ਦਰਾਂ ਅੱਜ ਸਵੇਰੇ 6 ਵਜੇ ਤੋਂ ਲਾਗੂ ਹੋ ਗਈਆਂ ਨੇ। ਆਮ ਲੋਕਾਂ ਨੇ, ਕੇਂਦਰ ਸਰਕਾਰ ਦੇ ਫੈਸਲੇ ਦਾ ਭਰਵਾਂ ਸਵਾਗਤ ਕੀਤਾ ਏ।

-----------------------------------------------------------

ਗੁਰੂ ਨਾਨਕ ਦੇਵ ਯੂਨੀਵਰਸਿਟੀ ਕਾਲਜ ਲਾਮੀਨੀ ਪਠਾਨਕੋਟ ਅਤੇ ਪੰਡਤ ਮੋਹਨ ਲਾਲ SD ਕਾਲਜ ਫਾਰ ਵੂਮੈਨ ਗੁਰਦਾਸਪੁਰ ਦੇ ਵਿਦਿਆਰਥੀਆ ਦਾ ਕਹਿਣਾ ਏ ਕਿ ਉਹ, ਪਹਿਲੀ ਵਾਰ ਵੋਟ ਪਾਉਣ 'ਤੇ ਬਹੁਤ ਉਤਸੁਕ ਨੇ।

-----------------------------------------------------------

ਆਕਾਸ਼ਵਾਣੀ ਦੇ ਨਿਊਜ਼ ਸਰਵਿਸਿਜ਼ ਡਿਵੀਜ਼ਨ ਨੇ ਦੇਸ਼ ਭਰ ਵਿੱਚ ਆਪਣੀਆਂ ਵੱਖ-ਵੱਖ ਖੇਤਰੀ ਨਿਊਜ਼ ਯੂਨਿਟਾਂ ਵਿੱਚ ਫੁੱਲ-ਟਾਈਮ ਕੰਟਰੈਕਟ ਆਧਾਰ 'ਤੇ ਕਾਰਜਕਾਰੀ ਸੰਪਾਦਕ ਅਤੇ ਨਿਊਜ਼ ਰੀਡਰ ਕਮ ਅਨੁਵਾਦਕ ਵਜੋਂ ਕੰਮ ਕਰਨ ਲਈ ਤਜਰਬੇਕਾਰ ਉਮੀਦਵਾਰਾਂ ਤੋਂ ਅਰਜ਼ੀਆਂ ਮੰਗੀਆਂ ਨੇ। ਇਸ ਵਿੱਚ ਪੰਜਾਬੀ ਭਾਸ਼ਾ ਲਈ ਅਰਜੀਆਂ ਵੀ

ਸ਼ਾਮਲ ਨੇ । ਇਸ ਸੰਬੰਧੀ ਵੇਰਵਾ news on air. gov.in ਸਲੈਸ਼ vacancies 'ਤੇ ਉਪਲਬਧ ਏ। ਅਰਜ਼ੀਆਂ ਭੇਜਣ ਦੀ ਆਖਰੀ ਤਰੀਕ 19 ਮਾਰਚ ਏ।

---------------------------------------------------------------

**ਅਖੀਰ ਵਿਚ ਖਾਸ ਖਬਰਾਂ ਇਕ ਵਾਰ ਫੇਰ ਤੋਂ**

- ਚੋਣ ਕਮਿਸ਼ਨ ਭਲਕੇ ਆਮ ਚੋਣਾਂ 2024 ਦੇ ਪ੍ਰੋਗਰਾਮ ਦਾ ਐਲਾਨ ਕਰੇਗਾ, ਇਸ ਦੇ ਨਾਲ ਹੀ ਦੇਸ਼ ਭਰ ਵਿਚ ਚੋਣ ਜਾਬਤਾ ਵੀ ਲਾਗੂ ਹੋ ਜਾਵੇਗਾ।
- ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ, ਅਨੁਸਾਰ ਸੂਬੇ ਵਿਚ ਪਹਿਲੀ ਮਾਰਚ ਤੱਕ ਵੋਟਰਾਂ ਦੀ ਕੁੱਲ ਗਿਣਤੀ 2 ਕਰੋੜ 12 ਲੱਖ 71 ਹਜ਼ਾਰ 246 ਏ।
- 'ਯੁਵਾ ਸੰਗਮ ਪ੍ਰੋਗਰਾਮ' ਦੇ ਹਿੱਸੇ ਵਜੋਂ, ਝਾਰਖੰਡ ਦੇ 51 ਵਿਦਿਆਰਥੀਆਂ ਦੇ ਸਮੂਹ ਨੇ ਚੰਡੀਗੜ੍ਹ ਵਿਖੇ ਕਲ ਰਾਜਪਾਲ ਬਨਵਾਰੀ ਲਾਲ ਪੁਰੋਹਿਤ ਨਾਲ ਮੁਲਾਕਾਤ ਕੀਤੀ।

**ਇਸਦੇ ਨਾਲ ਹੀ ਪ੍ਰਦੇਸ਼ਿਕ ਖਬਰਾਂ ਖਤਮ ਹੋਈਆਂ, ਨਮਸਕਾਰ !**